# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

## 13:10

## ਮਿਤੀ :02-09-2026

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਵਾਰ ਫਿਰ ਲੋਕਾਂ ਨੂੰ ਸਵਦੇਸ਼ੀ ਉਤਪਾਦਾਂ ਨੂੰ ਅਪਣਾਉਣ, ਸੋਨੇ ਦੀ ਬੇਲੋੜੀ ਖਰੀਦਦਾਰੀ ਅਤੇ ਵਿਦੇਸ਼ਾਂ ਵਿੱਚ ਵਿਆਹਾਂ ਤੋਂ ਬਚਣ ਦੀ ਅਪੀਲ ਕੀਤੀ ਏ।

ਇੱਕ ਵੀਡੀਓ ਸੰਦੇਸ਼ ਵਿੱਚ, ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਵਿਦੇਸ਼ਾਂ ਵਿੱਚ ਛੁੱਟੀਆਂ ਮਨਾਉਣ, ਵਿਆਹਾਂ ਲਈ ਦੂਜੇ ਦੇਸ਼ਾਂ ਦੀ ਯਾਤਰਾ ਕਰਨ ਅਤੇ ਸੋਨਾ ਖਰੀਦਣ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ ਜਦੋਂ ਤੱਕ ਕਿ ਬਹੁਤ ਜ਼ਰੂਰੀ ਨਾ ਹੋਵੇ। ਸ਼੍ਰੀ ਮੋਦੀ ਨੇ ਕਿਹਾ ਕਿ ਅੱਜ ਦੇਸ਼ ਦੇ ਨੌਜਵਾਨਾਂ ਵਲੋਂ ਕੀਤੀ ਜਾ ਰਹੀ ਸਖ਼ਤ ਮਿਹਨਤ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਵਿੱਚ ਮਦਦ ਕਰੇਗੀ-

BYTE

---

ਆਕਾਸ਼ਵਾਣੀ ਦੇ ਡਾਇਰੈਕਟਰ ਜਨਰਲ, ਰਾਜੀਵ ਕੁਮਾਰ ਜੈਨ ਨੇ ਕੱਲ੍ਹ ਜਲੰਧਰ ਅਤੇ ਅੰਮ੍ਰਿਤਸਰ ਦੇ ਸਰਹੱਦੀ ਖੇਤਰਾਂ ਵਿੱਚ ਪ੍ਰਸਾਰਣ ਵਿਵਸਥਾ ਦਾ ਨਿਰੀਖਣ ਕੀਤਾ ਅਤੇ ਇਨ੍ਹਾਂ ਸਟੇਸ਼ਨਾਂ ਦੇ ਨਾਲ-ਨਾਲ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਸਟੇਸ਼ਨਾਂ ਦੇ ਕੰਮਕਾਜ ਦੀ ਵੀ ਸਮੀਖਿਆ

ਕੀਤੀ। ਉਨ੍ਹਾਂ ਨੇ ਪੰਜਾਬ ਵਿੱਚ ਆਕਾਸ਼ਵਾਣੀ ਦੇ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦਾ ਵੀ ਜਾਇਜ਼ਾ ਲਿਆ। ਰਾਸ਼ਟਰੀ ਪ੍ਰਸਾਰਕ ਦੇ ਨੇਮਾਂ ਮੁਤਾਬਕ ਨਿਰਵਿਘਨ ਪ੍ਰਸਾਰਣ ਅਤੇ ਜਾਣਕਾਰੀ-ਭਰਪੂਰ ਮਨੋਰੰਜਨ ਪ੍ਰਦਾਨ ਕਰਨ ਲਈ ਅਧਿਕਾਰੀਆਂ ਅਤੇ ਸਟਾਫ ਦੀ ਸ਼ਲਾਘਾ ਕਰਦਿਆਂ, ਉਨ੍ਹਾਂ ਨੇ ਸਟੇਸ਼ਨਾਂ ਦੇ ਸੁਚਾਰੂ ਸੰਚਾਲਨ ਲਈ ਜ਼ਰੂਰੀ ਹਦਾਇਤਾਂ ਵੀ ਦਿੱਤੀਆਂ। ਇਸ ਤੋਂ ਪਹਿਲਾਂ, ਜਲੰਧਰ ਸਟੇਸ਼ਨ 'ਤੇ ਡਿਪਟੀ ਡਾਇਰੈਕਟਰ ਜਨਰਲ (ਇੰਜੀਨੀਅਰਿੰਗ) ਰਣਜੀਤ ਮੀਨਾ ਨੇ ਪ੍ਰੋਗਰਾਮ ਅਤੇ ਸਮਾਚਾਰ ਵਿਭਾਗ ਦੇ ਮੁਖੀਆਂ ਸਮੇਤ ਹੋਰ ਅਧਿਕਾਰੀਆਂ ਅਤੇ ਸਟਾਫ ਮੈਂਬਰਾਂ ਨਾਲ ਉਨ੍ਹਾਂ ਦਾ ਸਵਾਗਤ ਕੀਤਾ। ਉਨ੍ਹਾਂ ਆਕਾਸ਼ਵਾਣੀ ਸਟੇਸ਼ਨ ਜਲੰਧਰ ਵਿਖੇ ਇੱਕ ਬੂਟਾ ਵੀ ਲਗਾਇਆ। ਸ਼ਾਮ ਨੂੰ, ਸ੍ਰੀ ਜੈਨ ਨੇ ਅੰਮ੍ਰਿਤਸਰ ਸਥਿਤ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ । ਉਨ੍ਹਾਂ ਨੇ ਸ੍ਰੀ ਹਰਿਮੰਦਰ ਸਾਹਿਬ ਤੋਂ ਦਿਨ ਵਿੱਚ ਦੋ ਵਾਰ 'ਸ਼ਬਦ ਕੀਰਤਨ' ਦੇ ਨਿਰਵਿਘਨ ਪ੍ਰਸਾਰਣ ਅਤੇ ਸ਼ਾਮ ਵੇਲੇ 'ਗੁਰਬਾਣੀ ਵਿਚਾਰ' ਪ੍ਰੋਗਰਾਮ ਦੇ ਪ੍ਰਸਾਰਣ ਲਈ ਕੀਤੇ ਗਏ ਪ੍ਰਬੰਧਾਂ ਦੀ ਵੀ ਸਮੀਖਿਆ ਕੀਤੀ।

---------------------------------------------------------------------

ਪੰਜਾਬ ਦੇ ਸੂਚਨਾ ਤਕਨੀਕ ਮੰਤਰੀ  ਅਮਨ ਅਰੋੜਾ ਨੇ ਕੱਲ ਪਾਰਦਰਸ਼ੀ ਅਤੇ ਨਾਗਰਿਕ-ਕੇਂਦਰਿਤ ਸ਼ਾਸਨ ਵੱਲ ਇੱਕ ਵੱਡਾ ਕਦਮ ਚੁੱਕਦਿਆਂ  'Digi.Punjab.gov.in' ਪੋਰਟਲ ਜਾਰੀ ਕੀਤਾ ਏ । ਇਹ

ਇੱਕ ਅਜਿਹਾ ਏਕੀਕ੍ਰਿਤ ਡਿਜੀਟਲ ਪੋਰਟਲ ਏ ਜਿਸ ‘ਤੇ 12 ਵਿਭਾਗਾਂ ਦੀਆਂ 300 ਤੋਂ ਵੱਧ ਸਰਕਾਰੀ ਸੇਵਾਵਾਂ ਇੱਕੋ ਮੰਚ 'ਤੇ ਉਪਲਬਧ ਨੇ ਜਿਸ ਨਾਲ ਵੱਖ-ਵੱਖ ਪੋਰਟਲਾਂ ‘ਤੇ ਜਾਣ, ਦਸਤੀ ਫਾਈਲਾਂ ਦੇਣ ਅਤੇ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਗੇੜੇ ਲਗਾਉਣ ਦੀ ਲੋੜ ਨਹੀਂ ਪਵੇਗੀ। ਚੰਡੀਗੜ੍ਹ ਚ  ਵਿਖੇ ਪੋਰਟਲ ਜਾਰੀ ਕਰਨ ਮਗਰੋਂ  ਸ੍ਰੀ ਅਰੋੜਾ ਨੇ ਦੱਸਿਆ ਕਿ ਪਹਿਲੇ ਗੇੜ ਤਹਿਤ ਨਾਗਰਿਕ ਹੁਣ ਕਈ ਵਿਭਾਗਾਂ ਨਾਲ ਸਬੰਧਤ 300 ਤੋਂ ਵੱਧ ਜ਼ਰੂਰੀ ਜਨਤਕ ਸੇਵਾਵਾਂ ਤੱਕ ਆਸਾਨੀ ਨਾਲ ਪਹੁੰਚ ਕਰ ਸਕਦੇ ਨੇ ।

-----------------------------------------------------------------------

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੂਰਬ ਨੂੰ ਮਨਾਉਣ ਲਈ ਸੂਬੇ ਭਰ ਵਿਚ ਵੱਖ ਵੱਖ ਸਮਾਗਮ ਕਰਵਾਏ ਜਾ ਰਹੇ ਨੇ । ਇਸੇ ਤਹਿਤ ਪਠਾਨਕੋਟ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਵਿਭਾਗ ਵੱਲੋਂ ਸਾਂਝੇ ਤੌਰ 'ਤੇ 5 ਕਿਲੋਮੀਟਰ ਲੰਬੀ 'ਰਨ ਫਾਰ ਇਕੁਐਲਿਟੀ' -ਕਰਾਸ-ਕੰਟਰੀ ਮੈਰਾਥਨ ਦਾ ਆਯੋਜਨ ਕੀਤਾ ਗਿਆ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੌੜ ਨੂੰ ਰਵਾਨਾ ਕੀਤਾ। ਮੀਂਹ ਦੇ ਬਾਵਜੂਦ, ਦੌੜ ਵਿੱਚ ਨੌਜਵਾਨਾਂ ਅਤੇ ਸਕੂਲੀ ਬੱਚਿਆਂ ਵਿੱਚ ਬਹੁਤ ਉਤਸ਼ਾਹ ਦੇਖਣ ਨੂੰ ਮਿਲਿਆ, ਜਿਸ ਵਿੱਚ ਲਗਭਗ 700 ਭਾਗੀਦਾਰਾਂ ਨੇ ਹਿੱਸਾ ਲਿਆ। ਕੈਬਨਿਟ ਮੰਤਰੀ ਨੇ ਕਿਹਾ BYTE ਸੂਬਾ ਸਰਕਾਰ ਗੁਰੂ ਰਵਿਦਾਸ ਜੀ ਦੇ ਸਮਾਨਤਾ ਅਤੇ ਭਾਈਚਾਰੇ ਦੇ ਫਲਸਫੇ ਨੂੰ ਜਨਤਾ ਤੱਕ ਪਹੁੰਚਾਉਣ ਲਈ ਰਾਜ ਭਰ

ਵਿੱਚ ਸ਼ਾਨਦਾਰ ਸਮਾਗਮ ਕਰਵਾ ਰਹੀ ਏ । ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀਆਂ ਅਤੇ ਵਿਦਿਅਕ ਸੰਸਥਾਵਾਂ ਵਿੱਚ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅਤੇ ਫਲਸਫੇ 'ਤੇ ਸੈਮੀਨਾਰ ਕਰਵਾਏ ਜਾ ਰਹੇ ਨੇ । ਓਧਰ ਗੁਰਦਾਸਪੁਰ ਜ਼ਿਲ੍ਹਾ ਪ੍ਰਸ਼ਾਸਨ, ਖੇਡ ਵਿਭਾਗ ਅਤੇ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ 'ਮੈਰਾਥਨ 2026 – Run of Equality' ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਮੈਰਾਥਨ ਵਿੱਚ ਵੱਖ-ਵੱਖ ਸਕੂਲਾਂ ਦੇ ਕਰੀਬ 500 ਬੱਚਿਆਂ ਅਤੇ ਨੌਜਵਾਨਾਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਸਮਾਨਤਾ, ਭਾਈਚਾਰਕ ਸਾਂਝ ਅਤੇ ਸਿਹਤਮੰਦ ਜੀਵਨ ਦਾ ਸੰਦੇਸ਼ ਦਿੱਤਾ। ਜ਼ਿਲ੍ਹਾ ਸਪੋਰਟਸ ਅਫ਼ਸਰ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਮੌਸਮ ਦੀ ਖਰਾਬੀ ਦੇ ਬਾਵਜੂਦ ਬੱਚਿਆਂ ਵਿੱਚ ਮੈਰਾਥਨ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਉਨ੍ਹਾਂ ਕਿਹਾ ਕਿ ਕਰੀਬ 500 ਬੱਚਿਆਂ ਨੇ ਪੂਰੀ ਰੇਸ ਵਿੱਚ ਹਿੱਸਾ ਲੈਂਦਿਆਂ ਇਸ ਨੂੰ ਸਫਲਤਾਪੂਰਵਕ ਪੂਰਾ ਕੀਤਾ। ਉਨ੍ਹਾਂ ਦੱਸਿਆ ਕਿ ਵਧੀਆ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

---------------------------------------------------------------------------

'ਮਿਸ਼ਨ ਕਲੀਨ ਪੰਜਾਬ ਤਹਿਤ ਨਗਰ ਕੌਂਸਲ ਨੰਗਲ ਵੱਲੋਂ ਸ਼ੁਰੂ ਕੀਤੇ ਗਏ ਵਿਸ਼ੇਸ਼ ਸਫ਼ਾਈ ਅਭਿਆਨ ਦੀ ਲੜੀ ਦੇ ਚੌਥੇ ਦਿਨ ਅੱਜ ਵਾਰਡ ਨੰਬਰ 12 ਵਿੱਚ ਸਫ਼ਾਈ ਮੁਹਿੰਮ ਚਲਾਈ ਗਈ। ਸਿੱਖਿਆ ਮੰਤਰੀ

ਹਰਜੋਤ ਸਿੰਘ ਬੈਂਸ ਨਗਰ ਕੌਂਸਲ ਨੰਗਲ ਦੀ ਪੂਰੀ ਟੀਮ ਨੂੰ ਨਾਲ ਲੈ ਕੇ ਖੁਦ ਸਫ਼ਾਈ ਕਾਰਜਾਂ ਦੀ ਅਗਵਾਈ ਕਰ ਰਹੇ ਹਨ। ਇਸ ਦੌਰਾਨ ਵਾਰਡ ਦੇ ਵੱਖ-ਵੱਖ ਇਲਾਕਿਆਂ ਵਿੱਚ ਸਫ਼ਾਈ ਕਰਵਾਉਣ ਦੇ ਨਾਲ-ਨਾਲ ਵਾਰਡ ਵਾਸੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਜਾ ਰਹੀਆਂ ਹਨ। ਸਫ਼ਾਈ ਪ੍ਰਬੰਧਾਂ ਨੂੰ ਹੋਰ ਬਿਹਤਰ ਬਣਾਉਣ ਲਈ ਲੋਕਾਂ ਤੋਂ ਸੁਝਾਅ ਵੀ ਲਏ ਜਾ ਰਹੇ ਨੇ । ਸਿੱਖਿਆ ਮੰਤਰੀ ਨੇ ਕਿਹਾ ਕਿ ਨਗਰ ਕੌਂਸਲ ਨੰਗਲ ਦੇ ਵਾਰਡਾਂ ਵਿੱਚ ਸਫ਼ਾਈ ਨੂੰ ਲੈ ਕੇ ਬਹੁਤ ਜਲਦ ਇੱਕ ਸਫ਼ਾਈ ਮੁਕਾਬਲਾ ਕਰਵਾਇਆ ਜਾਵੇਗਾ। ਇਸ ਮੁਕਾਬਲੇ ਵਿੱਚ ਆਪਣੇ ਵਾਰਡ ਨੂੰ ਸਭ ਤੋਂ ਵੱਧ ਸਾਫ਼-ਸੁਥਰਾ ਰੱਖਣ ਵਾਲੇ ਕੌਂਸਲਰ ਅਤੇ ਵਾਰਡ ਵਾਸੀਆਂ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣਾ ਸਿਰਫ਼ ਸਰਕਾਰ ਜਾਂ ਨਗਰ ਕੌਂਸਲ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਏ ।

---------------------------------------------------------------------

ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ 365ਵੇਂ ਜਨਮ ਦਿਹਾੜੇ ਨੂੰ ਸਮਰਪਿਤ ਤਰਨਤਾਰਨ ਸਥਿਤ ਸ੍ਰੀ ਗੁਰੂ ਅਰਜਨ ਦੇਵ ਜੀ ਸਰਾਂ ਤੋਂ ਇੱਕ ਵਿਸ਼ਾਲ ਨਗਰ ਕੀਰਤਨ ਸ਼ਰਧਾ ਅਤੇ ਉਤਸ਼ਾਹ ਨਾਲ ਸਜਾਇਆ ਗਿਆ। ਨਗਰ ਕੀਰਤਨ ਦੀ ਆਰੰਭਤਾ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ

ਹੋਈ। ਇਹ ਨਗਰ ਕੀਰਤਨ ਤਰਨਤਾਰਨ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ ਵੱਖ-ਵੱਖ ਪਿੰਡਾਂ ਰਾਹੀਂ ਪਹੂਵਿੰਡ ਵਿਖੇ ਸਥਿਤ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਸਮਾਪਤ ਹੋਵੇਗਾ। ਨਗਰ ਕੀਰਤਨ ਦੌਰਾਨ ਸੰਗਤਾਂ ਵੱਲੋਂ ਗੁਰੂ ਜਸ ਦਾ ਗਾਇਨ ਕੀਤਾ ਗਿਆ ਅਤੇ ਰਸਤੇ ਵਿੱਚ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਵੀ ਕੀਤਾ ਗਿਆ। ਇਸ ਮੌਕੇ ਸ੍ਰੀ ਗੁਰੂ ਗੋਬਿੰਦ ਸਿੰਘ ਗਤਕਾ ਦਲ ਦੇ ਬੱਚਿਆਂ ਵੱਲੋਂ ਗਤਕੇ ਦੇ ਜੌਹਰ ਦਿਖਾਏ ਗਏ, ਜਿਸ ਨੂੰ ਦੇਖਣ ਲਈ ਵੱਡੀ ਗਿਣਤੀ ਵਿੱਚ ਸੰਗਤਾਂ ਇਕੱਠੀਆਂ ਹੋਈਆਂ।

-------------------------------------------------------------------

ਪ੍ਰੋਜੈਕਟ ਜੀਵਨ ਜੋਤ ਤਹਿਤ ਬਾਲ ਭਿੱਖਿਆ ਨੂੰ ਰੋਕਣ ਅਤੇ ਬੱਚਿਆਂ ਦੇ ਅਧਿਕਾਰਾਂ ਦੀ ਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਅੱਜ ਪਠਾਨਕੋਟ ਦੀ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਪਠਾਨਕੋਟ, ਚਾਈਲਡ ਲਾਈਨ 1098 ਅਤੇ ਪੰਜਾਬ ਪੁਲਿਸ ਟੀਮ ਵੱਲੋਂ ਵਿਸ਼ੇਸ਼ ਰੈਸਕਿਊ ਮੁਹਿੰਮ ਚਲਾਈ ਗਈ। ਇਹ ਕਾਰਵਾਈ ਜ਼ਿਲ੍ਹਾ ਬਾਲ ਸੁਰੱਖਿਆ ਅਧਿਕਾਰੀ ਊਸ਼ਾ ਦੀ ਅਗਵਾਈ ਹੇਠ ਕੀਤੀ ਗਈ। ਟੀਮ ਨੇ ਪਠਾਨਕੋਟ ਦੇ ਪ੍ਰਮੁੱਖ ਧਾਰਮਿਕ ਸਥਾਨਾਂ ਕਾਲੀ ਮਾਤਾ ਮੰਦਰ ਅਤੇ ਆਸ਼ਾਪੁਰਨੀ ਮੰਦਰ ਵਿਖੇ ਵਿਸ਼ੇਸ਼ ਚੈਕਿੰਗ ਅਤੇ ਰੈਸਕਿਊ ਮੁਹਿੰਮ ਚਲਾਈ ਗਈ। ਟੀਮ

ਵੱਲੋਂ ਮੰਦਰਾਂ ਦੇ ਆਲੇ-ਦੁਆਲੇ ਭੀਖ ਮੰਗ ਰਹੇ ਬੱਚਿਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਤੁਰੰਤ ਬਚਾਇਆ ਗਿਆ।

---------------------------------------------------------------------